# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 03-05-2025**

ਭਾਰਤ ਨੇ ਪਾਕਿਸਤਾਨ ਤੋਂ ਸਿੱਧੇ ਜਾਂ ਅਸਿੱਧੇ ਦਰਾਮਦ 'ਤੇ ਤੁਰੰਤ ਪ੍ਰਭਾਵ ਨਾਲ ਪਾਬੰਦੀ ਲਾ ਦਿੱਤੀ ਹੈ। ਵਿਦੇਸ਼ੀ ਵਪਾਰ ਡਾਇਰੈਕਟੋਰੇਟ ਜਨਰਲ ਨੇ ਇੱਕ ਨੋਟੀਫਿਕੇਸ਼ਨ ਵਿੱਚ ਕਿਹਾ ਏ ਕਿ ਪਾਕਿਸਤਾਨ ਵਿੱਚ ਪੈਦਾ ਹੋਣ ਵਾਲੇ ਜਾਂ ਬਰਾਮਦ ਕੀਤੇ ਜਾਣ ਵਾਲੇ ਸਾਰੇ ਸਾਮਾਨ ਦੇ ਸਿੱਧੇ ਜਾਂ ਅਸਿੱਧੇ ਆਯਾਤ ਜਾਂ ਆਵਾਜਾਈ 'ਤੇ ਤੁਰੰਤ ਪ੍ਰਭਾਵ ਨਾਲ ਪਾਬੰਦੀ ਹੋਵੇਗੀ । ਇਸ ਵਿੱਚ ਕਿਹਾ ਗਿਆ ਏ ਕਿ ਇਹ ਪਾਬੰਦੀ ਰਾਸ਼ਟਰੀ ਸੁਰੱਖਿਆ ਅਤੇ ਜਨਤਕ ਨੀਤੀ ਦੇ ਹਿੱਤ ਵਿੱਚ ਲਾਈ ਗਈ ਏ । ਇਸ ਪਾਬੰਦੀ ਦੇ ਕਿਸੇ ਵੀ ਛੋਟ ਲਈ ਸਰਕਾਰ ਦੀ ਪ੍ਰਵਾਨਗੀ ਦੀ ਲੋੜ ਹੋਵੇਗੀ।

-----------------------------------------------------------

ਅੱਜ ਮੁੰਬਈ ਵਿੱਚ ਚੱਲ ਰਹੇ ਵਿਸ਼ਵ ਆਡੀਓ ਵਿਜ਼ੂਅਲ ਅਤੇ ਮਨੋਰੰਜਨ ਸੰਮੇਲਨ (WAVES) 2025 ਦੇ ਤੀਜੇ ਦਿਨ ਕਮਿਊਨਿਟੀ ਰੇਡੀਓ 'ਤੇ

ਕੌਮੀ ਸੰਮੇਲਨ ਆਯੋਜਿਤ ਕੀਤਾ ਜਾਵੇਗਾ। ਇਸ ਸਮਾਗਮ ਵਿੱਚ ਵਿਚਾਰ-ਵਟਾਂਦਰਾ ਨਵੀਨਤਮ ਰੁਝਾਨਾਂ, ਨੀਤੀਆਂ ਅਤੇ ਪ੍ਰੋਗਰਾਮਾਂ 'ਤੇ ਕੇਂਦ੍ਰਿਤ ਹੋਵੇਗਾ ਜਿਸ ਦਾ ਉਦੇਸ਼ ਵਿਅਕਤੀਆਂ ਨੂੰ ਸਸ਼ਕਤ ਬਣਾਉਣਾ ਅਤੇ ਸਥਾਨਕ ਭਾਈਚਾਰੇ ਨਾਲ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਜੁੜਨ ਦੀ ਉਨ੍ਹਾਂ ਦੀ ਯੋਗਤਾ ਨੂੰ ਵਧਾਉਣਾ ਏ। ਇਸ ਦਾ ਉਦੇਸ਼ ਕਮਿਊਨਿਟੀ ਰੇਡੀਓ ਸਟੇਸ਼ਨਾਂ ਨੂੰ ਜੁੜਨ, ਸਿੱਖਣ ਅਤੇ ਵਧੀਆ ਅਭਿਆਸਾਂ ਨੂੰ ਸਾਂਝਾ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨਾ ਵੀ ਏ। ਇਸ ਦੌਰਾਨ, ਸੂਚਨਾ ਅਤੇ ਪ੍ਰਸਾਰਣ ਰਾਜ ਮੰਤਰੀ ਐਲ. ਮੁਰੂਗਨ ਅੱਜ ਸੰਮੇਲਨ ਵਿੱਚ ਆਪਣੀ ਕਿਸਮ ਦਾ ਪਹਿਲਾ ਵ੍ਹਾਈਟ ਪੇਪਰ ਜਾਰੀ ਕਰਨਗੇ।

------------------------------------------------------------

ਕੱਲ੍ਹ 4 ਮਈ ਨੂੰ ਪੰਜਾਬ ਵਿਚ ਕਈ ਥਾਵਾਂ ’ਤੇ ਨੀਟ ਦੀ ਪ੍ਰੀਖਿਆ ਹੋ ਰਹੀ ਏ । ਇਸ ਸਬੰਧੀ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿਚ ਪ੍ਰੀਖਿਆ ਕੇਂਦਰ ਬਣਾਏ ਗਏ ਨੇ। ਪ੍ਰੀਖਿਆ ਸੁਚਾਰੂ ਰੂਪ ਨਾਲ ਨੇਪਰੇ ਚਾੜ੍ਹਨ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀਆਂ ਡਿਊਟੀਆਂ ਲਾਈਆਂ

ਗਈਆਂ ਨੇ ਤੇ ਹੁਕਮ ਜਾਰੀ ਕੀਤੇ ਗਏ ਨੇ । ਪ੍ਰੀਖਿਆ ਕੇਂਦਰਾਂ ਦੇ 100 ਮੀਟਰ ਦੇ ਘੇਰੇ ਵਿੱਚ ਆਮ ਲੋਕਾਂ ਦੇ ਇਕੱਠੇ ਹੋਣ ਤੇ ਪਾਬੰਦੀ ਲਈ ਗਈ ਏ । ਪ੍ਰੀਖਿਆ ਦੌਰਾਨ ਪ੍ਰੀਖਿਆਰਥੀ ਬਟੂਆ, ਘੜੀ, ਗਹਿਣੇ, ਬੈਲਟ ਆਦਿ ਨਹੀਂ ਲਿਜਾ ਸਕਣਗੇ। ਦਾਖਲਾ ਕਾਰਡ ਤੋਂ ਇਲਾਵਾ ਸ਼ਨਾਖ਼ਤੀ ਕਾਰਡ ਵਜੋਂ ਪੈਨ ਕਾਰਡ, ਪਾਸਪੋਰਟ, ਆਧਾਰ ਕਾਰਡ, ਰਾਸ਼ਨ ਕਾਰਡ ਜਾਂ ਵਿਦਿਆਰਥੀਆਂ ਦੇ ਸਕੂਲ ਦਾ ਸ਼ਨਾਖਤੀ ਕਾਰਡ, ਵਿੱਚੋਂ ਕਿਸੇ ਇੱਕ ਨੂੰ ਨਾਲ ਲਿਆਉਣਾ ਜ਼ਰੂਰੀ ਏ ਅਤੇ ਪਾਰਦਰਸ਼ੀ ਪਾਣੀ ਦੀ ਬੋਤਲ ਅੰਦਰ ਲਿਜਾਈ ਜਾ ਸਕੇਗੀ ।

----------------------------------------------------

ਲੁਧਿਆਣਾ ਪੁਲਿਸ ਨੇ ਅੱਜ ਪਿੰਡ ਬੱਗੇ ਕਲਾਂ ਵਿੱਚ ਸੰਖੇਪ ਮੁਕਾਬਲੇ ਤੋਂ ਬਾਅਦ ਇਕ ਬਦਨਾਮ ਗੈਂਗ ਦੇ ਮੁੱਖ ਮੈਂਬਰ ਨੂੰ ਗ੍ਰਿਫ਼ਤਾਰ ਕਰ ਲਿਆ ਏ। ਗੋਲੀਬਾਰੀ ਦੌਰਾਨ ਸੁਮਿਤ ਨਾਂ ਦਾ ਇਹ ਗੈਂਗਸਟਰ ਗੰਭੀਰ ਜ਼ਖ਼ਮੀ ਹੋ ਗਿਆ ਜਦਕਿ ਇੱਕ ਪੁਲਿਸ ਮੁਲਾਜ਼ਮ ਦਾ ਵਾਲ-ਵਾਲ ਬਚਾਅ ਹੋ ਗਿਆ । ਲੁਧਿਆਣਾ ਦੇ ਪੁਲਿਸ ਕਮਿਸ਼ਨਰ, ਸਵਪਨ ਸ਼ਰਮਾ ਨੇ ਦੱਸਿਆ

ਕਿ ਇਹ ਮੁਕਾਬਲਾ ਉਦੋਂ ਹੋਇਆ ਜਦੋਂ ਪੁਲਿਸ ਗੈਂਗਸਟਰ ਨੂੰ ਹਥਿਆਰ ਬਰਾਮਦ ਕਰਨ ਲਈ ਲੈ ਕੇ ਗਈ ਸੀ।

BYTE

---------------------------------------------------------------

ਪੰਜਾਬ ਦੇ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਹਰਜੋਤ ਸਿੰਘ ਬੈਂਸ ਨੇ ਪੰਜਾਬੀਆਂ ਨੂੰ "ਯੁੱਧ ਨਸ਼ਿਆ ਵਿਰੁੱਧ" ਮੁਹਿੰਮ ਵਿੱਚ ਯੋਧੇ ਬਣਨ ਦਾ ਸੱਦਾ ਦਿੱਤਾ ਏ। ਹੁਸ਼ਿਆਰਪੁਰ ਵਿਖੇ ਵਿਲੇਜ ਡਿਫੈਂਸ ਕਮੇਟੀਜ਼ (ਪਿੰਡਾਂ ਦੇ ਪਹਿਰੇਦਾਰ) ਦੇ ਜ਼ਿਲ੍ਹਾ ਪੱਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਦੀ ਅਲਾਮਤ ਦਾ ਖ਼ਾਤਮਾ ਕਰਨਾ ਸਮੇਂ ਦੀ ਮੰਗ ਏ ਅਤੇ ਇਸ ਤਰ੍ਹਾਂ ਸਾਡੇ ਨੌਜਵਾਨਾਂ ਦੀ ਅਥਾਹ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਵਰਤਿਆ ਜਾ ਸਕਦਾ ਏ। ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਅਗਲਾ ਟੀਚਾ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਸੁਨੇਹਾ ਸੂਬੇ ਭਰ ਦੇ ਹਰ ਘਰ ਤੱਕ ਪਹੁੰਚਾਉਣਾ ਏ ਤਾਂ ਜੋ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਸਾਰਿਆਂ ਨੂੰ ਜਾਣੂ ਕਰਵਾਇਆ ਜਾ ਸਕੇ। ਇਸ ਦੌਰਾਨ ਕੈਬਨਿਟ ਮੰਤਰੀ ਡਾ.

ਰਵਜੋਤ ਸਿੰਘ ਨੇ ਲੋਕਾਂ ਨੂੰ ਜਨਤਕ ਹਿੱਤ ਲਈ ਨਸ਼ਿਆਂ ਵਿਰੁੱਧ ਇਸ ਜੰਗ ਵਿੱਚ ਸਰਗਰਮੀ ਨਾਲ ਸ਼ਾਮਲ ਹੋਣ ਦੀ ਅਪੀਲ ਕੀਤੀ। ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਸਰਕਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਏ। ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਠੋਸ ਅਤੇ ਵਿਆਪਕ ਮੁਹਿੰਮ ਦੇ ਪ੍ਰਭਾਵਸ਼ਾਲੀ ਨਤੀਜੇ ਮਿਲ ਰਹੇ ਨੇ।  PN

---------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਜਲੰਧਰ ਦੇ ਥਾਣਾ ਡਵੀਜ਼ਨ ਨੰਬਰ 8 ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ ਸੰਜੇ ਕੁਮਾਰ ਨੂੰ 15,000 ਰੁਪਏ ਰਿਸ਼ਵਤ ਲੈਂਦਿਆਂ ਕਾਬੂ ਕੀਤਾ ਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਜਲੰਧਰ ਦੇ ਪਿੰਡ ਰੇਰੂ ਦੇ ਵਸਨੀਕ ਦੀ ਸ਼ਿਕਾਇਤ ਦੇ ਆਧਾਰ ’ਤੇ ਕੀਤੀ ਗਈ ਏ। ਸ਼ਿਕਾਇਤ ਦੀ ਮੁੱਢਲੀ ਤਸਦੀਕ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਉਕਤ ਏ.ਐਸ.ਆਈ. ਨੂੰ ਰਿਸ਼ਵਤ

ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਮਾਮਲੇ ਦੀ ਹੋਰ ਜਾਂਚ ਜਾਰੀ ਏ

-----------------------------------------------------------

ਪੰਜਾਬ ਵਿਜੀਲੈਂਸ ਬਿਊਰੋ  ਨੇ ਤਰਨਤਾਰਨ ਦੇ ਸਾਬਕਾ ਵਿਧਾਇਕ ਦੇ ਪੁੱਤਰ ਅਤੇ ਨੂੰਹ ਸਮੇਤ ਨਗਰ ਕੌਂਸਲ ਤਰਨਤਾਰਨ ਦੇ ਕਾਰਜਕਾਰੀ ਅਧਿਕਾਰੀ (ਈ.ਓ) , ਕਲਰਕ ਅਤੇ ਇੱਕ ਫਰਮ ਦੇ ਮਾਲਕ ਵਿਰੁੱਧ ਕੌਂਸਲ ਦੇ ਫੰਡਾਂ ਵਿੱਚ ਵੱਡੀ ਹੇਰਾ-ਫੇਰੀ ਕਰਨ ਦੇ ਦੋਸ਼ ਹੇਠ ਮੁਕੱਦਮਾ ਦਰਜ ਕੀਤਾ ਏ। ਇਸ ਕੇਸ ਵਿੱਚ ਉਕਤ ਮੁਲਜ਼ਮ ਈ.ਓ., ਕਲਰਕ ਅਤੇ ਫਰਮ ਦੇ ਮਾਲਕ ਨੂੰ ਗ੍ਰਿਫ਼ਤਾਰ ਕਰ ਲਿਆ ਏ । ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਇਸ ਸਬੰਧ ਵਿੱਚ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਕੀਤੀ ਗਈ ਚੈਕਿੰਗ ਦੇ ਸਿੱਟੇ ਵਜੋਂ ਹੋਈ ਵਿਜੀਲੈਂਸ ਜਾਂਚ ਦੇ ਆਧਾਰ ’ਤੇ ਕੇਸ ਦਰਜ ਕੀਤਾ ਗਿਆ ਏ। ਇਸ ਕੇਸ ਨੂੰ ਅਗਲੇਰੀ ਜਾਂਚ ਲਈ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤਾ ਗਿਆ ਸੀ ।